**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ.ਏ.ਐਸ ਨਗਰ।**

**ਐਟ ਪੰ.ਸ.ਸਿੱ ਬੋਰਡ ਕੰਪਲੈਕਸ, ਫੇਜ-VIII, ਐਸ.ਏ.ਐਸ ਨਗਰ**

**(ਪਬਲਿਕ ਨੋਟਿਸ)**

**ਮੀਮੋ ਨੰ:: ਟਰਾਂਸਫਰ ਸੈੱਲ/2026666102/4** **ਮਿਤੀ:ਐਸ.ਏ.ਐਸ ਨਗਰ: 13.03.2026**

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰ:: 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teacher Transfer Policy 2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਸਿੱਖਿਆ ਵਿਭਾਗ ਵੱਲੋਂ ਜਾਰੀ ਅਧਿਸੂਚਨਾ SED-EDU6021/2/2023-1ਸਿ6/30, ਮਿਤੀ 26.02.2024 ਰਾਹੀਂ Exempted Category ਅਧੀਨ ਕਵਰ ਹੋਣ ਵਾਲੇ ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕਾਂ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਨੂੰ ਬਦਲੀ ਲਈ ਵੇਰਵੇ ਜਿਵੇਂ ਕਿ General Details, Results, Service Record ਮਿਤੀ 12.01.2026 ਤੋਂ 21.01.2026 ਤੱਕ ਭਰਨ ਲਈ ਸਮਾਂ ਦਿੱਤਾ ਗਿਆ ਸੀ।

3.0 ਦਰਖਾਸਤਕਰਤਾਵਾਂ ਵੱਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ, ਉਸਦੀ ਤਸਦੀਕ ਬੀਪੀਈਓ/ਡੀਈਓ ਵੱਲੋਂ ਮਿਤੀ 30.01.2026 ਤੱਕ ਕੀਤੀ ਗਈ ਹੈ।

4.0 ਜਿਨ੍ਹਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈਪੰਜਾਬ ਪੋਰਟਲ ਤੇ ਲਾਗ ਇੰਨ ਕਰਕੇ ਬਦਲੀ ਲਈ ਸਟੇਸ਼ਨ ਚੁਆਇਸ ਮਿਤੀ 13.03.2026 ਤੋਂ 16.03.2026 ਤੱਕ ਦੇ ਸਕਦੇ ਹਨ। ਬਦਲੀ ਉਪਲਭਧ ਖਾਲੀ ਅਸਾਮੀਆਂ ਦੀ ਸੂਚੀ ਈਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਨ੍ਹਾਂ ਉਪਲਭਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

5.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨ੍ਹਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ। ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਆਪਕ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

6.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ Epunjabschoolportal ਤੇ ਉਪਲਭਧ ਹੈ।

ਸਹਾਇਕ ਡਾਇਰੈਕਟਰ (ਅਮਲਾ-1)